Punjabi - ਜੀਵ ਸ਼ਾਸਤਰ - Soul Scriptures

ਮੱਤੀ 11:28-30 “ਉਹ ਸਾਰੇ ਲੋਕ ਜੋ ਥੱਕੇ ਹੋਏ ਹਨ ਅਤੇ ਜਿਨ੍ਹਾਂ ਨੇ ਭਾਰੀ ਬੋਝ ਚੁੱਕੇ ਹੋਏ ਹਨ ਮੇਰੇ ਕੋਲ ਆਵੋ, ਮੈਂ ਤੁਹਾਨੂੰ ਆਰਾਮ ਦੇਵਾਂਗਾ। 29 ਮੇਰਾ ਜੂਲਾ ਆਪਣੇ ਉੱਤੇ ਚੁੱਕੋ ਅਤੇ ਮੈਥੋਂ ਸਿਖੋ, ਕਿਉਂਕਿ ਮੈਂ ਕੋਮਲ ਅਤੇ ਨਿਮ੍ਰ ਦਿਲ ਹਾ। ਇਉਂ, ਤੁਸੀਂ ਆਪਣੇ ਆਤਮੇ ਅੰਦਰ ਵਿਸ਼ਰਾਮ ਮਹਿਸੂਸ ਕਰੋਂਗੇ। 30 ਕਿਉਂਕਿ ਮੇਰਾ ਜੂਲਾ ਸੁਖਾਲਾ ਹੈ ਅਤੇ ਜੋ ਬੋਝ ਮੈਂ ਤੁਹਾਨੂੰ ਦਿੰਦਾ ਹਾਂ ਉਹ ਹੌਲਾ ਹੈ।”

ਪੈਦਾਇਸ਼ 2:7 ਫ਼ੇਰ ਯਹੋਵਾਹ ਪਰਮੇਸ਼ੁਰ ਨੇ ਧਰਤੀ ਤੋਂ ਮਿੱਟੀ ਲਈ ਅਤੇ ਆਦਮ ਨੂੰ ਸਾਜਿਆ। ਯਹੋਵਾਹ ਨੇ ਆਦਮ ਦੇ ਨੱਕ ਵਿੱਚ ਜੀਵਨ ਦਾ ਸਾਹ ਫੂਕਿਆ, ਅਤੇ ਆਦਮ ਜਿਉਂਦਾ ਜੀਵ ਬਣ ਗਿਆ।

ਪੈਦਾਇਸ਼ 34:2,3,8 ਉਸ ਧਰਤੀ ਦਾ ਰਾਜਾ ਹਮੋਰ ਸੀ। ਉਸ ਦੇ ਪੁੱਤਰ ਸ਼ਕਮ ਨੇ ਦੀਨਾਹ ਨੂੰ ਦੇਖਿਆ। ਸ਼ਕਮ ਨੇ ਉਸਨੂੰ ਅਗਵਾ ਕਰ ਲਿਆ ਅਤੇ ਉਸਦਾ ਬਲਾਤਕਾਰ ਕੀਤਾ। 3 ਫ਼ੇਰ ਸ਼ਕਮ ਦਾ ਦੀਨਾਹ ਨਾਲ ਪਿਆਰ ਪੈ ਗਿਆ ਅਤੇ ਉਸ ਨਾਲ ਨਮਰਤਾ ਨਾਲ ਗੱਲ ਕੀਤੀ। 8 ਪਰ ਹਮੋਰ ਨੇ ਭਰਾਵਾਂ ਨਾਲ ਗੱਲ ਕੀਤੀ। ਉਸਨੇ ਆਖਿਆ, “ਮੇਰਾ ਪੁੱਤਰ ਸ਼ਕਮ ਦੀਨਾਹ ਨੂੰ ਬਹੁਤ ਚਾਹੁੰਦਾ ਹੈ। ਕਿਰਪਾ ਕਰਕੇ ਉਸਨੂੰ ਉਸਦੇ ਨਾਲ ਵਿਆਹ ਕਰ ਲੈਣ ਦਿਉ।

ਗਿਣਤੀ 21:4 ਇਸਰਾਏਲ ਦੇ ਲੋਕ ਹੋਰ ਪਰਬਤ ਨੂੰ ਛੱਡਕੇ ਲਾਲ ਸਾਗਰ ਵੱਲ ਜਾਂਦੀ ਸੜਕ ਉੱਤੇ ਚੱਲ ਪਏ। ਉਨ੍ਹਾਂ ਨੇ ਅਜਿਹਾ ਅਦੋਮ ਦੇ ਦੇਸ਼ ਦੇ ਆਲੇ-ਦੁਆਲੇ ਜਾਣ ਲਈ ਕੀਤਾ। ਪਰ ਲੋਕ ਅਧੀਰ ਹੋ ਉਠੇ।

ਅਸਤਸਨਾ 4:29 ਪਰ ਜੇਕਰ ਉਥੇ ਤੁਸੀਂ ਯਹੋਵਾਹ, ਆਪਣੇ ਪਰਮੇਸ਼ੁਰ, ਨੂੰ ਭਾਲੋਂਗੇ, ਤੁਸੀਂ ਉਸਨੂੰ ਭਾਲ ਲਵੋਂਗੇ, ਜੇਕਰ ਤੁਸੀਂ ਉਸਨੂੰ ਆਪਣੇ ਪੂਰੇ ਦਿਨ ਅਤੇ ਰੂਹ ਨਾਲ ਭਾਲੋਂਗੇ।

ਕਜ਼ਾ੍ਹ 16:16 ਉਹ੍ਹ ਸਮਸੂਨ ਨੂੰ ਹਰ ਰੋਜ਼ ਤੰਗ ਕਰਦੀ ਰਹੀ। ਉਹ ਆਪਣੇ ਭੇਤ ਬਾਰੇ ਉਸਦੇ ਪੁਛਣ ਤੋਂ ਇੰਨਾ ਥੱਕ ਗਿਆ ਕਿ ਉਸਨੂੰ ਮਹਿਸੂਸ ਹੋਣ ਲੱਗਾ ਜਿਵੇਂ ਉਹ ਮਰਨ ਵਾਲਾ ਹੈ।

1 ੧ ਸਮੋਈਲ 18:1 ਜਦੋਂ ਦਾਊਦ ਸ਼ਾਊਲ ਨਾਲ ਗੱਲ ਕਰ ਹਟਿਆ ਤਾਂ ਯੋਨਾਥਾਨ ਦਾਊਦ ਦੇ ਬਹੁਤ ਨੇੜੇ ਹੋ ਗਿਆ। ਯੋਨਾਥਾਨ ਦਾਊਦ ਨੂੰ ਓਨਾ ਹੀ ਪਿਆਰ ਕਰਦਾ ਸੀ ਜਿੰਨਾ ਕਿ ਉਹ ਆਪਣੇ-ਆਪ ਨੂੰ।

1 ੧ ਸਲਾਤੀਨ 1:29 ਫੇਰ ਪਾਤਸ਼ਾਹ ਨੇ ਇੱਕ ਇਕਰਾਰ ਕੀਤਾ ਅਤੇ ਆਖਿਆ, "ਯਹੋਵਾਹ ਪਰਮੇਸ਼ੁਰ ਨੇ ਮੈਨੂੰ ਹਰ ਖਤਰੇ ਤੋਂ ਬਚਾਇਆ ਹੈ। ਜਿੰਨਾ ਪ੍ਰਪੱਕ ਕਿ ਯਹੋਵਾਹ ਜਿਉਂਦਾ ਹੈ, ਮੈਂ ਤੇਰੇ ਨਾਲ ਇਹ ਇਕਰਾਰ ਕਰਦਾ ਹਾਂ।

2 ੨ ਸਲਾਤੀਨ 4:27 ਪਰ ਜਦੋਂ ਉਹ ਪਰਮੇਸ਼ੁਰ ਦੇ ਮਨੁੱਖ ਕੋਲ ਪਰਬਤ ਉੱਤੇ ਆਈ ਤਾਂ ਉਸਨੇ ਉਸਦੇ ਪੈਰ ਫ਼ੜ ਲੇ ਅਤੇ ਗੇਹਾਜੀ ਉਸਨੂੰ ਪਰੇ ਹਟਾਉਣ ਲਈ ਨੇੜੇ ਆਇਆ, ਪਰ ਪਰਮੇਸ਼ੁਰ ਦੇ ਮਨੁੱਖ ਨੇ ਆਖਿਆ, "ਉਸਨੂੰ ਰਹਿਣ ਦੇ, ਮਨ੍ਹਾ ਨਾ ਕਰ ਕਿਉਂ ਜੁ ਉਸਦਾ ਮਨ ਭਰਿਆ ਹੋਇਆ ਹੈ ਅਤੇ ਯਹੋਵਾਹ ਨੇ ਮੇਰੇ ਤੋਂ ਇਹ ਖਬਰ ਛੁਪਾਈ ਹੈ ਤੇ ਮੈਨੂੰ ਦੱਸਿਆ ਨਹੀਂ।"

ਅੱਯੂਬ 7:11 ਇਸ ਲਈ ਮੈਂ ਚੁੱਪ ਨਹੀਂ ਹੋਵਾਂਗਾ! ਮੈਂ ਬੋਲਾਂਗਾ! ਮੇਰਾ ਆਤਮਾ ਦੁੱਖੀ ਹੈ! ਮੈਂ ਸ਼ਿਕਵਾ ਕਰਾਂਗਾ ਕਿਉਂਕਿ ਮੇਰੀ ਰੂਹ ਵਿੱਚ ਕੁੜਿਤਨ ਹੈ।

ਅੱਯੂਬ 14:22 ਉਹ ਆਦਮੀ ਆਪਣੇ ਸ਼ਰੀਰ ਅੰਦਰ ਸਿਰਫ਼ ਦਰਦ ਮਹਿਸੂਸ ਕਰਦਾ ਹੈ। ਉਹ ਸਿਰਫ਼ ਆਪਣੇ ਲਈ ਸੋਗ ਕਰਦਾ ਹੈ।"

ਅੱਯੂਬ 19:2 "ਕਿੰਨੀ ਦੇਰ ਹੋਰ ਤੁਸੀਂ ਮੈਨੂੰ ਦੁੱਖ ਦੇਵੋਂਗੇ ਤੇ ਮੈਨੂੰ ਸ਼ਬਦਾਂ ਨਾਲ ਹੌਂਸਲਾ ਦੇਵੋਂਗੇ।

ਅੱਯੂਬ 27:2 "ਸੱਚਮੁਚ ਹੀ ਪਰਮੇਸ਼ੁਰ ਜਿਉਂਦਾ ਹੈ। ਅਤੇ ਜਿਵੇਂ ਸੱਚਮੁਚ ਵਿੱਚ ਪਰਮੇਸ਼ੁਰ ਜਿਉਂਦਾ ਹੈ ਉਸ ਨੇ ਸੱਚਮੁਚ ਵਿੱਚ ਮੇਰੇ ਨਾਲ ਅਨਿਆਂ ਕੀਤਾ ਹੈ। ਸਰਬ ਸ਼ਕਤੀਮਾਨ ਪਰਮੇਸ਼ੁਰ ਨੇ ਮੇਰੇ ਜੀਵਨ ਵਿੱਚ ਕੜਵਾਹਟ ਭਰ ਦਿੱਤੀ ਹੈ।

ਅੱਯੂਬ 30:25 ਹੇ ਪਰਮੇਸ਼ੁਰ, ਤੁਸੀਂ ਜਾਣਦੇ ਹੋ ਕਿ ਮੈਂ ਮੁਸੀਬਤ ਵਿੱਚ ਪਏ ਲੋਕਾਂ ਲਈ ਰੋਇਆ ਹਾਂ। ਤੁਸੀਂ ਜਾਣਦੇ ਹੋ ਕਿ ਮੇਰਾ ਦਿਲ ਗਰੀਬਾਂ ਲਈ ਬਹੁਤ ਉਦਾਸ ਸੀ।

ਜ਼ਬੂਰ 6:3,4 ਮੇਰਾ ਸਾਰਾ ਸ਼ਰੀਰ ਕੰਬ ਰਿਹਾ ਹੈ। ਯਹੋਵਾਹ, ਮੈਨੂੰ ਚੰਗਾ ਕਰਨ ਲਈ ਤੁਸੀਂ ਕਿੰਨਾ ਸਮਾਂ ਲਵੋਂਗੇ ? 4 ਯਹੋਵਾਹ ਕਿਰਪਾ ਕਰਕੇ ਜਾਉ, ਅਤੇ ਮੈਨੂੰ ਸਵਸਥ ਬਣਾਉ। ਤੁਸੀਂ ਬਹੁਤ ਕ੍ਰਿਪਾਲੂ ਹੋ, ਇਸ ਲਈ ਮੇਰੀ ਰੱਖਿਆ ਕਰੋ।

ਜ਼ਬੂਰ 7:1,2 ਹੇ ਯਹੋਵਾਹ, ਮੇਰੇ ਪਰਮੇਸ਼ੁਰ, ਮੈਂ ਤੇਰੇ ਵਿੱਚ ਸ਼ਰਨ ਲੈਂਦਾ ਹਾਂ। ਮੈਨੂੰ ਉਨ੍ਹਾਂ ਲੋਕਾਂ ਤੋਂ ਬਚਾ ਜਿਹੜੇ ਮੇਰੇ ਪਿਛੇ ਹਨ। ਮੈਨੂੰ ਬਚਾਉ। 2 ਜੇ ਤੂੰ ਮੈਨੂੰ ਨਹੀਂ ਬਚਾਵੇਂਗਾ, ਮੈਂ ਸ਼ੇਰ ਦੁਆਰਾ ਫ਼ੜੇ ਅਤੇ ਧੂਏ ਜਾਣ ਵਾਲੇ ਜਾਨਵਰ ਵਰਗਾ ਹੋਵਾਂਗਾ। ਜਿਸ ਨੂੰ ਕੋਈ ਵੀ ਨਹੀਂ ਬਚਾਉਂਦਾ।

ਜ਼ਬੂਰ 17:13 ਯਹੋਵਾਹ ਉਠੋ, ਅਤੇ ਦੁਸ਼ਮਣ ਵੱਲ ਜਾਵੋ, ਉਨ੍ਹਾਂ ਕੋਲੋਂ ਸਮਰਪਣ ਕਰਾਉ। ਆਪਣੀ ਤਲਵਾਰ ਵਰਤੋਂ ਅਤੇ ਉਨ੍ਹਾਂ ਦੁਸ਼ਟ ਲੋਕਾਂ ਕੋਲੋਂ ਮੇਰੀ ਰੱਖਿਆ ਕਰੋ।

ਜ਼ਬੂਰ 23:3 ਉਹ ਆਪਣੇ ਨਾਂ ਦੇ ਚੰਗੇ ਲਈ, ਮੇਰੀ ਰੂਹ ਨੂੰ ਤਾਜ਼ੀ ਊਰਜਾ ਦਿੰਦਾ ਹੈ। ਇਹ ਦਰਸਾਉਣ ਲਈ ਕਿ ਉਹ ਸੱਚ ਮੁੱਚ ਚੰਗਾ ਹੈ ਉਹ ਚੰਗਿਆਈ ਦੇ ਰਾਹਾਂ ਤੇ ਮੇਰੀ ਅਗਵਾਈ ਕਰਦਾ ਹੈ।

ਜ਼ਬੂਰ 25:20 ਹੇ ਪਰਮੇਸ਼ੁਰ, ਮੇਰੀ ਰੱਖਿਆ ਕਰੋ ਅਤੇ ਮੈਨੂੰ ਬਚਾਉ। ਮੈਂ ਤੇਰੇ ਵਿੱਚ ਯਕੀਨ ਰਖਦਾ ਹਾਂ, ਇਸ ਲਈ ਮੈਨੂੰ ਨਿਰਾਸ਼ ਨਾ ਕਰੋ।

ਜ਼ਬੂਰ 33:19 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਮੌਤ ਤੋਂ ਬਚਾਉਂਦਾ ਹੈ, ਉਹ ਉਨ੍ਹਾਂ ਨੂੰ ਉਦੋਂ ਬਲ ਬਖਸ਼ਦਾ ਹੈ ਜਦੋਂ ਉਹ ਭੁਖੇ ਹੁੰਦੇ ਹਨ।

ਜ਼ਬੂਰ 34:22 ਯਹੋਵਾਹ ਆਪਣੇ ਸੇਵਕ ਦੀਆਂ ਰੂਹਾਂ ਬਚਾਉਂਦਾ ਹੈ। ਉਹ ਲੋਕ ਉਸ ਉੱਤੇ ਨਿਰਭਰ ਕਰਦੇ ਹਨ। ਉਹ ਉਨ੍ਹਾਂ ਨੂੰ ਤਬਾਹ ਨਹੀਂ ਹੋਣ ਦੇਵੇਗਾ।

ਜ਼ਬੂਰ 35:12,13 ਮੈਂ ਤਾਂ ਸਿਰਫ਼ ਚੰਗੇ ਕੰਮ ਕੀਤੇ ਹਨ। ਪਰ ਉਹ ਲੋਕ ਮੇਰੇ ਨਾਲ ਮੰਦੇ ਕੰਮ ਕਰਨਗੇ। ਯਹੋਵਾਹ, ਮੈਨੂੰ ਸ਼ੁਭ ਚੀਜ਼ਾਂ ਦਿਉ ਜਿਨ੍ਹਾਂ ਦਾ ਮੈਂ ਹਕ੍ਕਦਾਰ ਹਾਂ। 13 ਜਦੋਂ ਉਹ ਲੋਕ ਬਿਮਾਰ ਸਨ, ਮੈਂ ਉਨ੍ਹਾਂ ਲਈ ਦੁੱਖੀ ਸੀ। ਮੈਂ ਭੋਜਨ ਛੱਡਕੇ ਉਨ੍ਹਾਂ ਨੂੰ ਆਪਣਾ ਪਿਆਰ ਦਰਸਾਇਆ। ਕੀ ਮੈਨੂੰ ਉਨ੍ਹਾਂ ਦੀ ਅਰਦਾਸ ਕਰਕੇ ਇਹੀ ਸਿਲਾ ਮਿਲਿਆ?

ਜ਼ਬੂਰ 41:4 ਮੈਂ ਆਖਿਆ, "ਯਹੋਵਾਹ, ਮੇਰੇ ਉੱਤੇ ਮਿਹਰ ਕਰੋ। ਮੈਂ ਤੁਹਾਡੇ ਵਿਰੁੱਧ ਗੁਨਾਹ ਕੀਤਾ, ਮੇਰਾ ਪਾਪ ਮੁਆਫ਼ ਕਰ ਦਿਉ ਅਤੇ ਮੈਨੂੰ ਨਿਰੋਗ ਕਰ ਦਿਉ।"

ਜ਼ਬੂਰ 42:5,11 ਮੈਨੂੰ ਇੰਨਾ ਉਦਾਸ ਕਿਉਂ ਹੋਣਾ ਚਾਹੀਦਾ ਹੈ? ਮੈਨੂੰ ਇੰਨਾ ਪਰੇਸ਼ਾਨ ਕਿਉਂ ਹੋਣਾ ਚਾਹੀਦਾ ਹੈ? ਮੈਨੂੰ ਪਰਮੇਸ਼ੁਰ ਦੀ ਸਹਾਇਤਾ ਲਈ ਇੰਤਜ਼ਾਰ ਕਰਨਾ ਚਾਹੀਦਾ ਹੈ। ਮੈਨੂੰ ਹਾਲੇ ਉਸਦੀ ਉਸਤਤਿ ਕਰਨ ਦਾ ਮੌਕਾ ਮਿਲੇਗਾ। ਉਹ ਮੈਨੂੰ ਬਚਾ ਲਵੇਗਾ। 11 ਮੈਂ ਇੰਨਾ ਉਦਾਸ ਕਿਉਂ ਹੋਵਾਂ? ਮੈਨੂੰ ਇੰਨਾ ਪਰੇਸ਼ਾਨ ਕਿਉਂ ਹੋਣਾ ਚਾਹੀਦਾ ਹੈ? ਮੈਨੂੰ ਪਰਮੇਸ਼ੁਰ ਦੀ ਸਹਾਇਤਾ ਲਈ ਉਡੀਕਣਾ ਚਾਹੀਦਾ ਹੈ। ਅਜੇ ਮੈਨੂੰ ਉਸਦੀ ਉਸਤਤਿ ਕਰਨ ਦਾ ਮੌਕਾ ਮਿਲੇਗਾ। ਉਹ ਮੈਨੂੰ ਬਚਾ ਲਵੇਗਾ। (ਜ਼ਬੂਰ 42:6,11; 43:5)

ਜ਼ਬੂਰ 56:13 ਕਿਉਂ? ਕਿਉਂ ਕਿ ਤੁਸੀਂ ਮੈਨੂੰ ਮੌਤ ਕੋਲੋਂ ਬਚਾਇਆ। ਤੁਸੀਂ ਮੈਨੂੰ ਹਾਰਨ ਤੋਂ ਬਚਾਈ ਰੱਖਿਆ। ਤਾਂ ਜੋ ਮੈਂ ਆਪਣੀ ਬਾਕੀ ਦੀ ਜ਼ਿੰਦਗੀ ਵਿੱਚ ਤੁਹਾਡੀ ਸੇਵਾ ਕਰ ਸਕਾਂ।

ਜ਼ਬੂਰ 69:10 ਮੈਂ ਰੋਂਦਾ ਹਾਂ ਅਤੇ ਵਰਤ ਰਖਦਾ ਹਾਂ, ਅਤੇ ਇਸ ਲਈ ਉਹ ਮੇਰਾ ਮਜ਼ਾਕ ਉਡਾਉਂਦੇ ਹਨ।

ਜ਼ਬੂਰ 69:18 ਆਉ ਮੇਰੀ ਰੂਹ ਨੂੰ ਬਚਾਉ, ਮੈਨੂੰ ਮੇਰੇ ਵੈਰੀਆਂ ਤੋਂ ਛੁਡਾਉ।

ਜ਼ਬੂਰ 86:13ਹੇ ਪਰਮੇਸ਼ੁਰ, ਤੁਹਾਨੂੰ ਮੇਰੇ ਲਈ ਇੰਨਾ ਸਾਰਾ ਪਿਆਰ ਹੈ। ਤੁਸੀਂ ਮੈਨੂੰ ਮਿਰਤੂ ਲੋਕ ਤੋਂ ਬਚਾਉਂਦੇ ਹੋ।

ਜ਼ਬੂਰ 97:10 ਜਿਹੜੇ ਬੰਦੇ ਯਹੋਵਾਹ ਨੂੰ ਨਫ਼ਰਤ ਕਰਦੇ ਹਨ ਉਹ ਬਦੀ ਨੂੰ ਨਫ਼ਰਤ ਕਰਦੇ ਹਨ। ਇਸ ਲਈ ਪਰਮੇਸ਼ੁਰ ਆਪਣੇ ਚੇਲਿਆਂ ਨੂੰ ਬਚਾਉਂਦਾ ਹੈ। ਪਰਮੇਸ਼ੁਰ ਆਪਣੇ ਚੇਲਿਆਂ ਨੂੰ ਬੁਰੇ ਵਿਅਕਤੀਆਂ ਤੋਂ ਬਚਾਉਂਦਾ ਹੈ।

ਜ਼ਬੂਰ 107:9 ਪਰਮੇਸ਼ੁਰ ਪਿਆਸੀ ਰੂਹ ਨੂੰ ਤ੍ਰਿਪਤ ਕਰਦਾ ਹੈ। ਪਰਮੇਸ਼ੁਰ ਭੁਖੀ ਆਤਮਾ ਨੂੰ ਚੰਗੀਆਂ ਚੀਜ਼ਾਂ ਨਾਲ ਭਰਦਾ ਹੈ।

ਜ਼ਬੂਰ116:4,8 ਫ਼ੇਰ ਮੈਂ ਯਹੋਵਾਹ ਦਾ ਨਾਮ ਪੁਕਾਰਿਆ। ਮੈਂ ਆਖਿਆ, "ਯਹੋਵਾਹ, ਮੈਨੂੰ ਬਚਾਉ!" 8 ਹੇ ਪਰਮੇਸ਼ੁਰ ਤੁਸੀਂ ਮੇਰੀ ਆਤਮਾ ਨੂੰ ਮੌਤ ਕੋਲੋਂ ਬਚਾਇਆ। ਤੁਸੀਂ ਮੇਰੇ ਅਥਰੂ ਰੋਕੋ। ਤੁਸੀਂ ਮੈਨੂੰ ਡਿੱਗਣ ਤੋਂ ਬਚਾਇਆ।

ਜ਼ਬੂਰ 119:28 ਮੈਂ ਉਦਾਸ ਅਤੇ ਥਕਿਆ ਹੋਇਆ ਹਾਂ, ਆਦੇਸ਼ ਦੇਵੋ ਅਤੇ ਮੈਨੂੰ ਫ਼ੇਰ ਬਲਵਾਨ ਬਣਾ ਦਿਉ।

ਜ਼ਬੂਰ 120:2 ਯਹੋਵਾਹ, ਮੈਨੂੰ ਉਨ੍ਹਾਂ ਲੋਕਾਂ ਕੋਲੋਂ ਬਚਾਉ, ਜਿਨ੍ਹਾਂ ਨੇ ਮੇਰੇ ਬਾਰੇ ਕੂੜ ਬੋਲਿਆ ਹੈ। ਉਨ੍ਹਾਂ ਨੇ ਉਹ ਆਖੀਆਂ ਜਿਹੜੀਆਂ ਸੱਚ ਨਹੀਂ ਹਨ।

ਜ਼ਬੂਰ 121:7 ਯਹੋਵਾਹ ਤੁਹਾਨੂੰ ਹਰ ਖਤਰੇ ਕੋਲੋਂ ਬਚਾਵੇਗਾ। ਯਹੋਵਾਹ ਤੁਹਾਡੀ ਆਤਮਾ ਨੂੰ ਬਚਾਵੇਗਾ।

ਜ਼ਬੂਰ 124:7 ਅਸੀਂ ਉਸ ਪੰਛੀ ਵਾਂਗ ਹਾਂ ਜਿਹੜਾ ਜਾਲ ਵਿੱਚ ਫ਼ਸ ਗਿਆ ਅਤੇ ਫ਼ੇਰ ਛੁੱਟ ਗਿਆ। ਜਾਲ ਟੁੱਟ ਗਿਆ ਅਤੇ ਅਸੀਂ ਛੁੱਟ ਗਏ।

ਜ਼ਬੂਰ 138:3 ਹੇ ਪਰਮੇਸ਼ੁਰ, ਮੈਂ ਤੈਨੂੰ ਮਦਦ ਲਈ ਪੁਕਾਰਿਆ। ਅਤੇ ਤੁਸੀਂ ਮੈਨੂੰ ਉੱਤਰ ਦਿੱਤਾ! ਤੁਸੀਂ ਮੈਨੂੰ ਸ਼ਕਤੀ ਦਿੱਤੀ।

ਅਮਸਾਲ 6:32 ਜਿਹੜਾ ਬੰਦਾ ਕਿਸੇ ਹੋਰ ਦੀ ਪਤਨੀ ਨਾਲ ਵਿਭਚਾਰ ਕਰਦਾ ਹੈ ਮੂਰਖ ਹੈ ਅਤੇ ਆਪਣੇ-ਆਪ ਨੂੰ ਤਬਾਹ ਕਰ ਲੈਂਦਾ ਹੈ।

ਅਮਸਾਲ 22:25 ਨਹੀਂ ਤਾਂ, ਤੁਸੀਂ ਵੀ ਓਸੇ ਰਾਹ ਜਾਵੋਂਗੇ ਜਿਵੇਂ ਉਹ ਜਾਂਦਾ ਅਤੇ ਤੁਹਾਡੀ ਇੱਕੋ ਇੱਕ ਜ਼ਿੰਦਗੀ ਫ਼ਸ

ਜਾਵੇਗੀ।

ਯਰਮਿਆਹ 20:13 ਯਹੋਵਾਹ ਲਈ ਗੀਤ ਗਾਓ! ਯਹੋਵਾਹ ਦੀ ਉਸਤਤ ਕਰੋ! ਯਹੋਵਾਹ ਗਰੀਬ ਲੋਕਾਂ ਦੀਆਂ ਜਾਨਾਂ ਬਚਾਉਂਦਾ ਹੈ। ਉਹ ਉਨ੍ਹਾਂ ਨੂੰ ਮੰਦੇ ਲੋਕਾਂ ਕੋਲੋਂ ਬਚਾਉਂਦਾ ਹੈ!

ਯਰਮਿਆਹ 31:25 ਮੈਂ ਬਕ੍ਕੇ ਹਾਰੇ ਲੋਕਾਂ ਨੂੰ ਆਰਾਮ ਅਤੇ ਤਾਕਤ ਦਿਆਂਗਾ।"

ਹਿਜ਼ ਕੀ ਐਲ 13:20,21 ਇਸ ਲਈ ਯਹੋਵਾਹ ਅਤੇ ਪ੍ਰਭੂ ਤੁਹਾਨੂੰ ਇਹ ਗੱਲਾਂ ਆਖਦਾ ਹੈ: ਤੁਸੀਂ ਉਹ ਕੱਪੜੇ ਦੇ ਬਾਜ਼ੂਬੰਦ ਲੋਕਾਂ ਨੂੰ ਫ਼ਸਾਉਣ ਲਈ ਬਣਾਉਂਦੀਆਂ ਹੋ - ਪਰ ਮੈਂ ਉਨ੍ਹਾਂ ਲੋਕਾਂ ਨੂੰ ਆਜ਼ਾਦ ਕਰ ਦਿਆਂਗਾ। ਮੈਂ ਉਨ੍ਹਾਂ ਬਾਜ਼ੂਬੰਦਾਂ ਨੂੰ ਤੁਹਾਡੀਆਂ ਬਾਹਾਂ ਉੱਤੋਂ ਪਾੜ ਸੁੱਟਾਂਗਾ ਅਤੇ ਲੋਕ ਤੁਹਾਡੇ ਕੋਲੋਂ ਆਜ਼ਾਦ ਹੋ ਜਾਣਗੇ। ਉਹ ਉਨ੍ਹਾਂ ਪੰਛੀਆਂ ਵਰਗੇ ਹੋਣਗੇ ਜਿਹੜੇ ਜਾਲ ਵਿੱਚੋਂ ਨਿਕਲ ਕੇ ਉੱਡ ਜਾਂਦੇ ਨੇ। 21 ਅਤੇ ਮੈਂ ਉਨ੍ਹਾਂ ਪਟਕਿਆਂ ਨੂੰ ਪਾੜ ਦਿਆਂਗਾ ਅਤੇ ਆਪਣੇ ਬੰਦਿਆਂ ਨੂੰ ਤੁਹਾਡੀ ਸ਼ਕਤੀ ਤੋਂ ਬਚਾ ਲਵਾਂਗਾ। ਉਹ ਲੋਕ ਤੁਹਾਡੇ ਜਾਲ ਵਿੱਚੋਂ ਬਚ ਨਿਕਲਣਗੇ। ਅਤੇ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਮੈਂ ਯਹੋਵਾਹ ਹਾਂ।

ਮੱਤੀ 10:28 ਅਰ ਉਨ੍ਹਾਂ ਕੋਲੋਂ ਨਾ ਡਰੋ ਜਿਹੜੇ ਦੇਹੀ ਨੂੰ ਮਾਰ ਸੁੱਟਦੇ ਹਨ ਪਰ ਰੂਹ ਨੂੰ ਨਹੀਂ ਮਾਰ ਸੱਕਦੇ ਸਗੋਂ ਉਸੇ ਕੋਲੋਂ ਡਰੋ ਜਿਹੜਾ ਦੇਹੀ ਅਤੇ ਰੂਹ ਦੋਹਾਂ ਦਾ ਨਰਕ ਵਿੱਚ ਨਾਸ ਕਰ ਸੱਕਦਾ ਹੈ।

ਮੱਤੀ 16:26 ਕਿਉਂਕਿ ਮਨੁੱਖ ਨੂੰ ਕੀ ਲਾਭ ਜੇ ਸਾਰੇ ਜਗਤ ਨੂੰ ਕੁਮਾਵੇ ਪਰ ਆਪਣੀ ਜਾਨ ਦਾ ਨੁਕਸਾਨ ਕਰੇ? ਅਥਵਾ ਮਨੁੱਖ ਆਪਣੀ ਜਾਨ ਦੇ ਬਦਲੇ ਕੀ ਦੇਵੇਗਾ ? (ਮਰਕੁਸ 8:36,37)

ਮੱਤੀ 22:37 ਅਤੇ ਉਹ ਨੇ ਉਸ ਨੂੰ ਕਿਹਾ, ਤੂੰ ਪ੍ਰਭੂ ਆਪਣੇ ਪਰਮੇਸ਼ੁਰ ਨੂੰ ਆਪਣੇ ਸਾਰੇ ਦਿਲ ਨਾਲ ਅਤੇ ਆਪਣੀ ਸਾਰੀ ਜਾਨ ਨਾਲ ਅਤੇ ਆਪਣੀ ਸਾਰੀ ਬੁੱਧ ਨਾਲ ਪਿਆਰ ਕਰ।

ਮੱਤੀ 26:38 ਫੇਰ ਉਸ ਨੇ ਉਨ੍ਹਾਂ ਨੂੰ ਆਖਿਆ, ਮੇਰਾ ਜੀ ਬਹੁਤ ਉਦਾਸ ਹੈ ਸਗੋਂ ਮਰਨ ਦੇ ਦਰਜੇ ਤੀਕਰ। ਤੁਸੀਂ ਐਥੇ ਠਹਿਰੋ ਅਤੇ ਮੇਰੇ ਨਾਲ ਜਾਗਦੇ ਰਹੋ। (ਮਰਕੁਸ 14:34)

ਮਰਕੁਸ 12:30 ਅਰ ਤੂੰ ਪ੍ਰਭੂ ਆਪਣੇ ਪਰਮੇਸ਼ੁਰ ਨੂੰ ਆਪਣੇ ਸਾਰੇ ਦਿਲ ਨਾਲ ਅਤੇ ਆਪਣੀ ਸਾਰੀ ਜਾਨ ਨਾਲ ਅਤੇ ਆਪਣੀ ਸਾਰੀ ਬੁੱਧ ਨਾਲ ਅਤੇ ਆਪਣੀ ਸਾਰੀ ਸ਼ਕਤੀ ਨਾਲ ਪਿਆਰ ਕਰ।

ਲੋਕਾ 12:20 ਪਰ ਪਰਮੇਸ਼ੁਰ ਨੇ ਉਹ ਨੂੰ ਆਖਿਆ, ਹੇ ਨਦਾਨ, ਅੱਜ ਦੀ ਰਾਤ ਤੇਰੀ ਜਾਨ ਤੈਥੋਂ ਮੰਗਣਗੇ, ਫੇਰ ਜਿਹੜੀਆਂ ਚੀਜ਼ਾਂ ਤੈਂ ਤਿਆਰ ਕੀਤੀਆਂ ਹਨ ਓਹ ਕਿਹ ਦੀਆਂ ਹੋਣਗੀਆਂ ?

ਲੋਕਾ 21:19 ਆਪਣੇ ਧੀਰਜ ਨਾਲ ਤੁਸੀਂ ਆਪਣੀਆਂ ਜਾਨਾਂ ਨੂੰ ਕਮਾਓਗੇ।

ਯੂਹੰਨਾ 12:27 ਹੁਣ ਮੇਰਾ ਜੀ ਘਬਰਾਉਂਦਾ ਹੈ ਅਤੇ ਮੈਂ ਕੀ ਆਖਾਂ ? ਹੇ ਪਿਤਾ ਮੈਨੂੰ ਇਸ ਘੜੀ ਤੋਂ ਬਚਾ ? ਪਰ ਇਸੇ ਲਈ ਮੈਂ ਇਸ ਘੜੀ ਤੀਕੁ ਆਇਆ ਹਾਂ।

ਰਸੂਲਾਂ ਦੇ ਕਰਤੱਬ 14:22 ਅਰ ਚੇਲਿਆਂ ਦੇ ਮਨਾਂ ਨੂੰ ਤਕੜੇ ਕਰਦੇ ਅਰ ਇਹ ਉਪਦੇਸ਼ ਦਿੰਦੇ ਸਨ ਕਿ ਨਿਹਚਾ ਵਿੱਚ ਬਣੇ ਰਹੋ ਅਤੇ ਕਿਹਾ ਭਈ ਅਸੀਂ ਬਹੁਤ ਬਿਪਤਾ ਸਹਿ ਕੇ ਪਰਮੇਸ਼ੁਰ ਦੇ ਰਾਜ ਵਿੱਚ ਵੜਨਾ ਹੈ।

ਰਸੂਲਾਂ ਦੇ ਕਰਤੱਬ 15:24 ਜਾਂ ਅਸਾਂ ਸੁਣਿਆ ਜੋ ਕਈ ਸਾਡੇ ਵਿੱਚੋਂ ਨਿੱਕਲੇ ਜਿਨ੍ਹਾਂ ਤੁਹਾਡੇ ਮਨਾਂ ਨੂੰ ਵਿਗਾੜ ਕੇ ਤੁਹਾਨੂੰ

ਗੱਲਾਂ ਨਾਲ ਘਬਰਾ ਦਿੱਤਾ ਪਰ ਅਸਾਂ ਉਨ੍ਹਾਂ ਨੂੰ ਕੋਈ ਹੁਕਮ ਨਹੀਂ ਦਿੱਤਾ।

1 ੧ ਕੁਰਿੰਥੀਆਂ 15:45 ਇਉਂ ਲਿਖਿਆ ਹੋਇਆ ਵੀ ਹੈ ਜੋ ਪਹਿਲਾ ਮਨੁੱਖ ਆਦਮ ਜੀਉਂਦੀ ਜਾਨ ਹੋਇਆ, ਛੇਕੜਲਾ ਆਦਮ ਜੀਵਨ ਦਾਤਾ ਆਤਮਾ ਹੋਇਆ।

1 ੧ ਥੱਸਲੁਨੀਕੀਆਂ 5:23 ਅਤੇ ਸ਼ਾਂਤੀ ਦਾਤਾ ਪਰਮੇਸ਼ੁਰ ਆਪੇ ਤੁਹਾਨੂੰ ਪੂਰੀ ਤਰਾਂ ਪਵਿੱਤਰ ਕਰੇ ਅਰ ਤੁਹਾਡਾ ਆਤਮਾ ਅਤੇ ਜੀਵ ਅਤੇ ਸਰੀਰ ਸਾਡੇ ਪ੍ਰਭੁ ਯਿਸੂ ਮਸੀਹ ਦੇ ਆਉਣ ਦੇ ਵੇਲੇ ਦੋਸ਼ ਰਹਿਤ ਸੰਪੂਰਨ ਬਚਿਆ ਰਹੇ।

ਇਬਰਾਨੀਆਂ 6:19 ਅਤੇ ਉਹ ਆਸਾ ਮਾਨੋ ਸਾਡੀ ਜਾਨ ਦਾ ਲੰਗਰ ਹੈ ਜਿਹੜਾ ਅਚੱਲ ਅਤੇ ਇਸਥਿਰ ਹੈ ਅਤੇ ਉਸ ਥਾਂ ਪਹੁੰਚਦਾ ਹੈ ਜੋ ਪੜਦੇ ਦੇ ਅੰਦਰ ਹੈ।

ਇਬਰਾਨੀਆਂ 10:39 ਪਰ ਅਸੀਂ ਓਹਨਾਂ ਵਿੱਚੋਂ ਨਹੀਂ ਜਿਹੜੇ ਪਿਛਾਹਾਂ ਹਟ ਕੇ ਨਸ਼ਟ ਹੋ ਜਾਂਦੇ ਹਨ ਸਗੋਂ ਓਹਨਾਂ ਵਿੱਚੋਂ ਜਿਹੜੇ ਨਿਹਚਾ ਕਰ ਕੇ ਜਾਨ ਬਚਾ ਰੱਖਦੇ ਹਨ।

ਯਾਕੂਬ 1:21 ਇਸ ਕਾਰਨ ਤੁਸੀਂ ਹਰ ਪਰਕਾਰ ਦੇ ਗੰਦ ਮੰਦ ਅਤੇ ਬਦੀ ਦੀ ਵਾਫ਼ਰੀ ਨੂੰ ਪਰੇ ਸੁੱਟ ਕੇ ਉਸ ਬੀਜੇ ਹੋਏ ਬਚਨ ਨੂੰ ਜਿਹੜਾ ਤੁਹਾਡੀਆਂ ਜਾਨਾਂ ਨੂੰ ਬਚਾ ਸੱਕਦਾ ਹੈ ਨਰਮਾਈ ਨਾਲ ਕਬੂਲ ਕਰ ਲਓ।

ਯਾਕੂਬ 5:20 ਤਾਂ ਉਹ ਜਾਣ ਲਵੇ ਭਈ ਜਿਹ ਨੇ ਇੱਕ ਪਾਪੀ ਨੂੰ ਉਹ ਦੀ ਬਦਰਾਹੀ ਤੋਂ ਮੋੜ ਲਿਆਂਦਾ ਉਹ ਇੱਕ ਜਾਨ ਨੂੰ ਮੌਤ ਤੋਂ ਬਚਾਵੇਗਾ ਅਤੇ ਬਾਹਲਿਆਂ ਪਾਪਾਂ ਨੂੰ ਢੱਕ ਦੇਵੇਗਾ।

1 ੧ ਪਤਰਸ 1:9 ਅਤੇ ਆਪਣੀ ਨਿਹਚਾ ਦਾ ਫਲ ਅਰਥਾਤ ਜਾਨਾਂ ਦੀ ਮੁਕਤੀ ਪਰਾਪਤ ਕਰਦੇ ਹੋ।

1 ੧ ਪਤਰਸ 1:22 ਤੁਸਾਂ ਜੋ ਸਤ ਦੇ ਅਧੀਨ ਹੋ ਕੇ ਆਪਣੀਆਂ ਜਾਨਾਂ ਨੂੰ ਭਰੱਪਣ ਦੇ ਨਿਸ਼ਕਪਟ ਪ੍ਰੇਮ ਲਈ ਪਵਿੱਤਰ ਕੀਤਾ ਹੈ ਤਾਂ ਤਨੋਂ ਮਨੋਂ ਹੋ ਕੇ ਇੱਕ ਦੂਏ ਨਾਲ ਗੂੜ੍ਹਾ ਪ੍ਰੇਮ ਰੱਖੋ।

1 ੧ ਪਤਰਸ 2:11 ਹੇ ਪਿਆਰਿਓ, ਮੈਂ ਤੁਹਾਡੇ ਅੱਗੇ ਬੇਨਤੀ ਕਰਦਾ ਹਾਂ ਭਈ ਤੁਸੀਂ ਪਰਦੇਸੀ ਅਤੇ ਮੁਸਾਫ਼ਰ ਹੋ ਕੇ ਸਰੀਰਕ ਕਾਮਨਾਂ ਤੋਂ ਪਰੇ ਰਹੋ ਜਿਹੜੀਆਂ ਜਾਨ ਨਾਲ ਲੜਦੀਆਂ ਹਨ।

1 ੧ ਪਤਰਸ 4:19 ਉਪਰੰਤ ਜਿਹੜੇ ਪਰਮੇਸ਼ੁਰ ਦੀ ਇੱਛਿਆ ਦੇ ਅਨੁਸਾਰ ਦੁਖ ਭੋਗਦੇ ਹਨ ਓਹ ਸ਼ੁਭ ਕਰਮ ਕਰਦੇ ਹੋਏ ਆਪਣੀਆਂ ਜਾਨਾਂ ਨੂੰ ਓਸ ਵਫ਼ਾਦਾਰ ਕਰਤਾਰ ਨੂੰ ਸੌਂਪ ਦੇਣ।

2 ੨ ਪਤਰਸ 2:7,8 ਅਤੇ ਲੂਤ ਨੂੰ ਜਿਹੜਾ ਧਰਮੀ ਸੀ ਦੁਸ਼ਟਾਂ ਦੇ ਲੁੱਚਪੁਣੇ ਦੀ ਚਾਲ ਤੋਂ ਜਿੱਚ ਹੁੰਦਾ ਸੀ ਬਚਾ ਲਿਆ। 8 (ਕਿਉਂ ਜੋ ਉਹ ਧਰਮੀ ਪੁਰਖ ਉਨ੍ਹਾਂ ਵਿੱਚ ਵਸਦਿਆਂ ਵੇਖ ਸੁਣ ਕੇ ਦਿਨੋ ਦਿਨ ਆਪਣੀ ਧਰਮੀ ਜਾਨ ਨੂੰ ਉਨ੍ਹਾਂ ਦਿਆਂ ਭੈੜਿਆਂ ਕਰਮਾਂ ਤੋਂ ਦੁਖੀ ਕਰਦਾ ਸੀ)

3 ੩ ਯੂਹੰਨਾ 1:2 ਪਿਆਰਿਆ, ਮੈਂ ਇਹ ਪ੍ਰਾਰਥਨਾ ਕਰਦਾ ਹਾਂ ਭਈ ਜਿਵੇਂ ਤੇਰੀ ਜਾਨ ਸੁਖ ਸਾਂਦ ਨਾਲ ਹੈ ਤਿਵੇਂ ਤੂੰ ਸਭਨੀਂ ਗੱਲੀਂ ਸੁਖ ਸਾਂਦ ਨਾਲ ਅਤੇ ਨਰੋਆ ਰਹੇਂ।